ਸਾਰਗ ਮਹਲਾ ੫ ॥ ਹਰਿ ਜੀਉ ਅੰਤਰਜਾਮੀ ਜਾਨ ॥ ਕਰਤ ਬੁਰਾਈ ਮਾਨੁਖ ਤੇ ਛਪਾਈ ਸਾਖੀ ਭੂਤ ਪਵਾਨ ॥੧॥ ਰਹਾਉ ॥ ਬੈਸਨੌ ਨਾਮੁ ਕਰਤ ਖਟ ਕਰਮਾ ਅੰਤਰਿ ਲੋਭ ਜੂਠਾਨ ॥ ਸੰਤਸਭਾ ਕੀ ਨਿੰਦਾ ਕਰਤੇ ਡੂਬੇ ਸਭ ਅਗਿਆਨ ॥੧॥ ਕਰਹਿ ਸੋਮ ਪਾਕੁ ਹਿਰਹਿ ਪਰ ਦਰਬਾ ਅੰਤਰਿ ਝੂਠ ਗੁਮਾਨ ॥ ਸਾਸਤ੍ਰ ਬੇਦ ਕੀ ਬਿਧਿ ਨਹੀ ਜਾਣਹਿ ਬਿਆਪੇ ਮਨ ਕੈ ਮਾਨ ॥ ੨॥ ਸੰਧਿਆ ਕਾਲ ਕਰਹਿ ਸਭਿ ਵਰਤਾ ਜਿਉ ਸਫਰੀ ਦੰਫਾਨ ॥ ਪ੍ਰਭੂ ਭੁਲਾਏ ਊਝੜਿ ਪਾਏ ਨਿਹਫਲ ਸਭਿ ਕਰਮਾਨ ॥ ੩॥ ਸੋ ਗਿਆਨੀ ਸੋ ਬੈਸਨੌ ਪੜ੍ਹਿਆ ਜਿਸੁ ਕਰੀ ਕ੍ਰਿਪਾ ਭਗਵਾਨ ॥ ਉਨਿ ਸਤਿਗੁਰੁ ਸੇਵਿ ਪਰਮ ਪਦੁ ਪਾਇਆ ਉਧਰਿਆ ਸਗਲ ਬਿਸ੍ਵਾਨ ॥੪॥ ਕਿਆ ਹਮ ਕਥਹ ਕਿਛੁ ਕਥਿ ਨਹੀ ਜਾਣਹ ਪ੍ਰਭ ਭਾਵੈ ਤਿਵੈ ਬੋੁਲਾਨ ॥ ਸਾਧਸੰਗਤਿ ਕੀ ਧੂਰਿ ਇਕ ਮਾਂਗਉ ਜਨ ਨਾਨਕ ਪਇਓ ਸਰਾਨ ॥ ੫॥੨॥ {ਪੰਨਾ 1202-1203}

ਪਦਅਰਥ:- ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ। ਜਾਨ—ਸੁਜਾਨ, ਸਿਆਣਾ। ਮਾਨੁਖ ਤੇ—ਮਨੁੱਖਾਂ ਪਾਸੋਂ। ਸਾਖੀ—ਵੇਖਣ ਵਾਲਾ। ਭੂਤ—ਪਿਛਲੇ ਕੀਤੇ ਸਮੇ ਦਾ। ਪਵਾਨ—ਭਵਾਨ, ਭਵਿੱਖਤ ਦਾ।1। ਰਹਾਉ।

ਬੈਸਨੌ—ਵਿਸ਼ਨੂੰ ਦਾ ਭਗਤ, ਹਰੇਕ ਕਿਸਮ ਦੀ ਸਰੀਰਕ ਸੁੱਚ ਰੱਖਣ ਵਾਲਾ। ਖਟ ਕਰਮਾ—ਸ਼ਾਸਤ੍ਰਾਂ ਅਨੁਸਾਰ ਜ਼ਰੂਰੀ ਮਿਥੇ ਹੋਏ ਛੇ ਕਰਮ (ਦਾਨ ਦੇਣਾ ਤੇ ਲੈਣਾ, ਵਿੱਦਿਆ ਪੜ੍ਹਨੀ ਤੇ ਪੜ੍ਹਾਣੀ, ਜੱਗ ਕਰਨਾ ਤੇ ਕਰਾਣਾ)। ਜੂਠਾਨ—ਮਲੀਨ ਕਰਨ ਵਾਲਾ। ਅਗਿਆਨ—ਆਤਮਕ ਜੀਵਨ ਵਲੋਂ ਬੇ-ਸਮਝੀ।1।

ਕਰਹਿ—ਕਰਦੇ ਹਨ। ਸੋਮ ਪਾਕ—{ÔvXz pwk} ਆਪਣੀ ਹੱਥੀਂ ਭੋਜਨ ਤਿਆਰ ਕਰਨਾ। ਹਿਰਹਿ—ਚੁਰਾਂਦੇ ਹਨ। ਦਰਬਾ—ਧਨ। ਗੁਮਾਨ—ਅਹੰਕਾਰ। ਬਿਧਿ—ਢੰਗ, ਮਰਯਾਦਾ। ਬਿਆਪੇ—ਫਸੇ ਹੋਏ। ਮਨ ਕੈ ਮਾਨ—ਮਨ ਦੇ ਮਾਣ ਵਿਚ।2।

ਸਭਿ—ਸਾਰੇ। ਸਫਰੀ—ਮਦਾਰੀ। ਦੰਫਾਨ—ਤਮਾਸ਼ਾ। ਊਝੜਿ—ਕੁਰਾਹੇ। ਕਰਮਾਨ—ਕਰਮ।3।

ਗਿਆਨੀ—ਗਿਆਨਵਾਨ। ਪੜ੍ਹਿਆ—ਵਿਦਵਾਨ। ਜਿਸੁ—ਜਿਸ ਉਤੇ। ਉਨਿ—ਉਸ ਨੇ {ਅੱਖਰ 'ਉ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ ਹੈ 'ਉਨਿ'। ਇਥੇ 'ਓਨਿ' ਪੜ੍ਹਨਾ ਹੈ}। ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ। ਬਿਸ੍ਵਾਨ—{ivÓv} ਜਗਤ।4।

ਕਥਹ—ਅਸੀਂ ਆਖ ਸਕਦੇ ਹਾਂ। ਨਹੀ ਜਾਣਹ—ਅਸੀਂ ਨਹੀਂ ਜਾਣਦੇ। ਬੋੁਲਾਨ—ਬੁਲਾਂਦਾ ਹੈ। {ਅੱਖਰ 'ਬ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ ਹੈ 'ਬੋਲਾਨ'। ਇਥੇ 'ਬੁਲਾਨ' ਪੜ੍ਹਨਾ ਹੈ}। ਮਾਂਗਉ—ਮੈਂ ਮੰਗਦਾ ਹਾਂ। ਸਰਾਨ—ਸਰਨ।5।

ਅਰਥ:- ਹੇ ਭਾਈ! ਪ੍ਰਭੂ ਜੀ ਹਰੇਕ ਦੇ ਦਿਲ ਦੀ ਜਾਣਨ ਵਾਲੇ ਹਨ ਅਤੇ ਸੁਜਾਨ ਹਨ। (ਜਿਹੜਾ ਮਨੁੱਖ) ਹੋਰਨਾਂ ਮਨੁੱਖਾਂ ਪਾਸੋਂ ਲੁਕਾ ਕੇ ਕੋਈ ਭੈੜਾ ਕੰਮ ਕਰਦਾ ਹੈ (ਉਹ ਇਹ ਨਹੀਂ ਜਾਣਦਾ ਕਿ) ਪਰਮਾਤਮਾ ਤਾਂ ਪਿਛਲੇ ਬੀਤੇ ਸਮੇ ਦੇ ਕਰਮਾਂ ਤੋਂ ਲੈ ਕੇ ਅਗਾਂਹ ਭਵਿੱਖ ਦੇ ਕੀਤੇ ਜਾਣ ਵਾਲੇ ਸਾਰੇ ਕੰਮਾਂ ਦਾ ਵੇਖਣ ਵਾਲਾ ਹੈ।1। ਰਹਾਉ।

ਹੇ ਭਾਈ! (ਜਿਹੜੇ ਮਨੁੱਖ) ਆਪਣੇ ਆਪ ਨੂੰ ਵੈਸ਼ਨੋ ਅਖਵਾਂਦੇ ਹਨ, (ਸ਼ਾਸਤ੍ਰਾਂ ਦੇ ਦੱਸੇ ਹੋਏ) ਛੇ ਕਰਮ ਭੀ ਕਰਦੇ ਹਨ, (ਪਰ ਜੇ ਉਹਨਾਂ ਦੇ) ਅੰਦਰ (ਮਨ ਨੂੰ) ਮੈਲਾ ਕਰਨ ਵਾਲਾ ਲੋਭ ਵੱਸ ਰਿਹਾ ਹੈ (ਜੇ ਉਹ) ਸਾਧ ਸੰਗਤਿ ਦੀ ਨਿੰਦਾ ਕਰਦੇ ਹਨ (ਤਾਂ ਉਹ ਸਾਰੇ ਮਨੁੱਖ) ਆਤਮਕ ਜੀਵਨ ਵਲੋਂ ਬੇ-ਸਮਝੀ ਦੇ ਕਾਰਨ (ਸੰਸਾਰ-ਸਮੁੰਦਰ ਵਿਚ) ਡੁੱਬ ਜਾਂਦੇ ਹਨ।1।

ਹੇ ਭਾਈ! (ਇਹੋ ਜਿਹੇ ਵੈਸ਼ਨੋ ਅਖਵਾਣ ਵਾਲੇ ਮਨੁੱਖ) ਆਪਣੀ ਹੱਥੀਂ ਆਪਣਾ ਭੋਜਨ ਤਿਆਰ ਕਰਦੇ ਹਨ ਪਰ

ਪਰਾਇਆ ਧਨ ਚੁਰਾਂਦੇ ਹਨ, ਉਹਨਾਂ ਦੇ ਅੰਦਰ ਝੂਠ ਵੱਸਦਾ ਹੈ ਅਹੰਕਾਰ ਵੱਸਦਾ ਹੈ। ਉਹ ਮਨੁੱਖ (ਆਪਣੇ ਧਰਮ-ਪੁਸਤਕਾਂ) ਵੇਦ ਸ਼ਾਸਤ੍ਰਾਂ ਦੀ ਆਤਮਕ ਮਰਯਾਦਾ ਨਹੀਂ ਸਮਝਦੇ, ਉਹ ਤਾਂ ਆਪਣੇ ਮਨ ਦੇ ਅਹੰਕਾਰ ਵਿਚ ਹੀ ਫਸੇ ਰਹਿੰਦੇ ਹਨ।2।

ਹੇ ਭਾਈ! (ਇਹੋ ਜਿਹੇ ਵੈਸ਼ਨੋ ਅਖਵਾਣ ਵਾਲੇ ਉਂਞ ਤਾਂ) ਤਿੰਨੇ ਵੇਲੇ ਸੰਧਿਆ ਕਰਦੇ ਹਨ, ਸਾਰੇ ਵਰਤ ਭੀ ਰੱਖਦੇ ਹਨ (ਪਰ ਉਹਨਾਂ ਦਾ ਇਹ ਸਾਰਾ ਉੱਦਮ ਇਉਂ ਹੀ ਹੈ) ਜਿਵੇਂ ਕਿਸੇ ਮਦਾਰੀ ਦਾ ਤਮਾਸ਼ਾ (ਰੋਟੀ ਕਮਾਣ ਲਈ ਹੀ)। (ਪਰ ਉਹਨਾਂ ਦੇ ਭੀ ਕੀਹ ਵੱਸ?) ਪ੍ਰਭੂ ਨੇ ਆਪ ਹੀ ਉਹਨਾਂ ਨੂੰ ਸਹੀ ਰਾਹ ਤੋਂ ਖੁੰਝਾਇਆ ਹੈ, ਗ਼ਲਤ ਰਸਤੇ ਪਾਇਆ ਹੋਇਆ ਹੈ, ਉਹਨਾਂ ਦੇ ਸਾਰੇ (ਕੀਤੇ ਹੋਏ ਧਾਰਮਿਕ) ਕਰਮ ਵਿਅਰਥ ਜਾਂਦੇ ਹਨ।3।

ਹੇ ਭਾਈ! ਅਸਲ ਗਿਆਨਵਾਨ ਉਹ ਮਨੁੱਖ ਹੈ, ਅਸਲ ਵੈਸ਼ਨੋ ਉਹ ਹੈ, ਅਸਲ ਵਿਦਵਾਨ ਉਹ ਹੈ, ਜਿਸ ਉਤੇ ਪਰਮਾਤਮਾ ਨੇ ਮਿਹਰ ਕੀਤੀ ਹੈ, (ਜਿਸ ਦੀ ਬਰਕਤਿ ਨਾਲ) ਉਸ ਨੇ ਗੁਰੂ ਦੀ ਸਰਨ ਪੈ ਕੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕੀਤਾ ਹੈ, (ਅਜਿਹੇ ਮਨੁੱਖ ਦੀ ਸੰਗਤਿ ਵਿਚ) ਸਾਰਾ ਜਗਤ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ।4।

ਪਰ, ਹੇ ਭਾਈ! ਅਸੀਂ ਜੀਵ (ਪਰਮਾਤਮਾ ਦੀ ਰਜ਼ਾ ਬਾਰੇ) ਕੀਹ ਆਖ ਸਕਦੇ ਹਾਂ? ਅਸੀਂ ਕੁਝ ਆਖਣਾ ਜਾਣਦੇ ਨਹੀਂ ਹਾਂ। ਜਿਵੇਂ ਪ੍ਰਭੂ ਨੂੰ ਚੰਗਾ ਲੱਗਦਾ ਹੈ ਤਿਵੇਂ ਉਹ ਸਾਨੂੰ ਜੀਵਾਂ ਨੂੰ ਬੋਲਣ ਲਈ ਪ੍ਰੇਰਦਾ ਹੈ। ਹੇ ਦਾਸ ਨਾਨਕ! (ਆਖ—ਹੇ ਭਾਈ! ਮੈਂ ਤਾਂ ਪ੍ਰਭੂ ਦੀ ਸਰਨ ਪਿਆ ਹਾਂ (ਅਤੇ ਉਸ ਦੇ ਦਰ ਤੋਂ) ਸਿਰਫ਼ ਸਾਧ ਸੰਗਤਿ (ਦੇ ਚਰਨਾਂ) ਦੀ ਧੂੜ ਹੀ ਮੰਗਦਾ ਹਾਂ।5।2।